# ਦਫ਼ਤਰ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਮੈਜਿਸਟਰੇਟ, ਫਰੀਦਕੋਟ
## Office of the Deputy Commissioner-cum-Distt. Magistrate, Faridkot
(ਫੁਟਕਲ ਸ਼ਾਖਾ)

ਹੁਕਮ ਨੰਬਰ 370 /ਫਸ

ਇਸ ਦਫਤਰ ਵੱਲੋਂ ਹੁਕਮ ਨੰਬਰ 212/ਫਸ ਮਿਤੀ 23.03.2020, ਜੋ ਕਿ ਪਿ.ਅੰ.ਨੰਬਰ 1587/ਫਸ ਮਿਤੀ 23.03.2020 ਰਾਹੀਂ ਕੋਰੋਨਾ ਵਾਇਰਸ ਦੇ ਬਚਾਅ ਲਈ ਜਿਲ੍ਹਾ ਫਰੀਦਕੋਟ ਦੀ ਹਦੂਦ ਅੰਦਰ ਅਗਲੇ ਹੁਕਮਾਂ ਤੱਕ ਕਰਫਿਊ ਲਗਾਇਆ ਗਿਆ ਹੈ।

ਭਾਰਤ ਸਰਕਾਰ, ਗ੍ਰਹਿ ਮਾਮਲੇ ਮੰਤਰਾਲਾ, ਨਵੀਂ ਦਿੱਲੀ ਵੱਲੋਂ ਜਾਰੀ ਪੱਤਰ ਮਿਤੀ 15-04-2020 ਰਾਹੀਂ ਜਾਰੀ ਕੀਤੀਆਂ ਹਦਾਇਤਾਂ ਅਨੁਸਾਰ ਪੇਂਡੂ ਖੇਤਰਾਂ ਵਿੱਚ ਚਲਦੇ ਉਦਯੋਗਾਂ ਨੂੰ ਮਿਤੀ 20-04-2020 ਤੋਂ ਚਲਾਉਣ ਲਈ ਇਜਾਜ਼ਤ ਦਿੱਤੀ ਗਈ ਹੈ। ਇਸ ਲਈ ਭਾਰਤ ਸਰਕਾਰ, ਗ੍ਰਹਿ ਮਾਮਲੇ ਮੰਤਰਾਲਾ, ਨਵੀਂ ਦਿੱਲੀ ਵੱਲੋਂ ਜਾਰੀ ਹਦਾਇਤਾਂ ਦੀ ਰੋਸ਼ਨੀ ਵਿੱਚ ਆਮ ਲੋਕਾਂ ਦੀ ਸਹੂਲਤ ਲਈ ਜਿਲ੍ਹਾ ਫਰੀਦਕੋਟ ਅੰਦਰ ਭੱਠਾਂ ਮਾਲਕਾਂ ਨੂੰ ਇੱਟਾਂ ਸੇਲ/ਸਪਲਾਈ ਕਰਨ ਲਈ ਕਰਫਿਊ ਦੇ ਹੁਕਮਾਂ ਤੋਂ ਸਵੇਰੇ 08:00 ਵਜੇ ਤੋਂ ਸ਼ਾਮ 05:00 ਵਜੇ ਤੱਕ ਹੇਠ ਲਿਖੀਆਂ ਸ਼ਰਤਾਂ ਦੇ ਅਧਾਰ ਤੇ ਛੋਟ ਦਿੱਤੀ ਜਾਂਦੀ ਹੈ:-

1) ਭੱਠਾ ਮਾਲਕ ਇਹ ਯਕੀਨੀ ਬਣਾਉਣਗੇ ਕਿ ਉਹ ਭਾਰਤ ਸਰਕਾਰ, ਪੰਜਾਬ ਸਰਕਾਰ ਅਤੇ ਇਸ ਦਫ਼ਤਰ ਵੱਲੋਂ ਜਾਰੀ ਕੋਵਿਡ-19 ਸਬੰਧੀ ਹੁਕਮਾਂ ਦੀ ਪਾਲਣਾ ਇੰਨ-ਬਿੰਨ ਯਕੀਨੀ ਬਣਾਉਣਗੇ।
2) ਇਹ ਭੱਠਾ ਮਾਲਕ ਉਕਤ ਕਰਫਿਊ ਹੁਕਮਾਂ ਦੀ ਉਲੰਘਣਾ ਨਹੀਂ ਕਰੇਗਾ ਅਤੇ ਕੰਮ ਕਰਨ ਵਾਲੀ ਲੇਬਰ/ਵਰਕਰ (ਇੱਟਾਂ ਲੋਡ ਕਰਨ ਅਤੇ ਉਤਾਰਨ ਸਮੇਂ) ਇੱਕ ਦੂਸਰੇ ਤੋਂ ਘੱਟ ਤੋਂ ਘੱਟ 2 ਮੀਟਰ ਦੀ ਸਮਾਜਿਕ ਦੂਰੀ ਬਣਾਕੇ ਰੱਖਣਗੇ।
3) ਇਹ ਭੱਠਾ ਮਾਲਕ ਆਪਣੀ ਲੇਬਰ/ਵਰਕਰਾਂ ਲਈ ਰਿਹਾਇਸ਼ ਅਤੇ ਖਾਣੇ ਆਦਿ ਦਾ ਪ੍ਰਬੰਧ ਆਪਣੇ ਭੱਠੇ ਦੇ ਅੰਦਰ ਹੀ ਕਰੇਗਾ ਅਤੇ ਨਾਲ ਹੀ ਆਪਣੇ ਵਰਕਰਾਂ ਦੀ ਸਵੱਛਤਾ ਦਾ ਖਾਸ ਧਿਆਨ ਰੱਖੇਗਾ।
4) ਇੱਟਾਂ ਸਪਲਾਈ ਕਰਨ ਸਮੇਂ ਵਹੀਕਲ ਤੇ ਡਰਾਈਵਰ ਤੋਂ ਇਲਾਵਾ ਸਿਰਫ 02 ਲੇਬਰ ਵਾਲੇ ਵਿਅਕਤੀਆਂ ਨੂੰ ਹੀ ਜਾਣ ਦੀ ਇਜਾਜਤ ਹੋਵੇਗੀ।

ਇਹ ਹੁਕਮ ਕਰਫਿਊ/ਲਾਕਡਾਊਨ ਦੌਰਾਨ ਲਾਗੂ ਰਹਿਣਗੇ।

ਮਿਤੀ 27-04-2020

(ਕੁਮਾਰ ਸੌਰਭ ਰਾਜ) ਆਈ.ਏ.ਐਸ.,
ਜਿਲ੍ਹਾ ਮੈਜਿਸਟਰੇਟ, ਫਰੀਦਕੋਟ

ਜਿਲ੍ਹਾ ਮੈਜਿਸਟਰੇਟ, ਫਰੀਦਕੋਟ

ਪਿੱ:ਅੰ:ਨੰ: 2302 /ਫਸ-ਫਕ-2 ਮਿਤੀ 27-04-2020

ਉਪਰੋਕਤ ਦਾ ਉਤਾਰਾ ਹੇਠ ਲਿਖੇ ਅਧਿਕਾਰੀਆਂ ਨੂੰ ਸੂਚਨਾ ਅਤੇ ਲੋੜੀਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1) ਕਮਿਸ਼ਨਰ, ਫਰੀਦਕੋਟ ਮੰਡਲ, ਫਰੀਦਕੋਟ
2) ਸੀਨੀਅਰ ਕਪਤਾਨ ਪੁਲਿਸ, ਫਰੀਦਕੋਟ
3) ਵਧੀਕ ਡਿਪਟੀ ਕਮਿਸ਼ਨਰ (ਜ) ਅਤੇ (ਵਿਕਾਸ), ਫਰੀਦਕੋਟ
4) ਉਪ ਮੰਡਲ ਮੈਜਿਸਟਰੇਟ, ਫਰੀਦਕੋਟ, ਕੋਟਕਪੂਰਾ, ਜੈਤੋ
5) ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ
6) ਜਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ, ਫਰੀਦਕੋਟ ਪਾਸ ਭੇਜ ਕੇ ਲਿਖਿਆ ਜਾਂਦਾ ਹੈ ਕਿ ਜਿਲ੍ਹਾ ਫਰੀਦਕੋਟ ਅੰਦਰ ਭੱਠਿਆਂ ਨੂੰ ਸਮੇਂ-ਸਮੇਂ ਤੇ ਚੈੱਕ ਕੀਤਾ ਜਾਵੇ ਕਿ ਇਹ ਜਾਰੀ ਹਦਾਇਤਾਂ ਦੀ ਪਾਲਣਾ ਕਰ ਰਹੇ ਹਨ ਜਾਂ ਨਹੀਂ?
7) ਸਹਾਇਕ ਲੇਬਰ ਕਮਿਸ਼ਨਰ, ਮੋਗਾ
8) ਬੀ.ਡੀ.ਪੀ.ਓ., ਫਰੀਦਕੋਟ, ਕੋਟਕਪੂਰਾ, ਜੈਤੋ

ਜਿਲ੍ਹਾ ਮੈਜਿਸਟਰੇਟ,
ਫਰੀਦਕੋਟ।

Scanned with CamScanner